# ਪ੍ਰਧਾਨ ਮੰਤਰੀ ਭੂਟਾਨ ਦੇ ਪ੍ਰਧਾਨ ਮੰਤਰੀ ਨਾਲ ਮਿਲੇ

ਮਾਰਚ 15, 2024

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ 14 ਮਾਰਚ 2024 ਨੂੰ ਨਵੀਂ ਦਿੱਲੀ ਵਿੱਚ ਭੂਟਾਨ ਦੇ ਪ੍ਰਧਾਨ ਮੰਤਰੀ ਮਹਾਮਹਿਮ ਦਾਸ਼ੋ ਸ਼ੇਰਿੰਗ ਤੋਬਗੇ ਨਾਲ ਮੁਲਾਕਾਤ ਕੀਤੀ।

ਪ੍ਰਧਾਨ ਮੰਤਰੀ ਸ਼ੇਰਿੰਗ ਤੋਬਗੇ ਇੱਕ ਅਧਿਕਾਰਤ ਦੌਰੇ 'ਤੇ ਭਾਰਤ ਵਿੱਚ ਹਨ, ਜੋ ਫਰਵਰੀ 2024 ਵਿੱਚ ਅਹੁਦਾ ਸੰਭਾਲਣ ਤੋਂ ਬਾਅਦ ਉਨ੍ਹਾਂ ਦਾ ਪਹਿਲਾ ਵਿਦੇਸ਼ੀ ਦੌਰਾ ਹੈ।

ਦੋਵਾਂ ਨੇਤਾਵਾਂ ਨੇ ਦੁਵੱਲੀ ਹਿੱਸੇਦਾਰੀ ਦੇ ਵੱਖ-ਵੱਖ ਖੇਤਰਾਂ ਵਿੱਚ ਹੋਈ ਤਰੱਕੀ ਦੀ ਸਮੀਖਿਆ ਕੀਤੀ ਜਿਸਦੇ ਵਿੱਚ ਬੁਨਿਆਦੀ ਢਾਂਚਾ ਵਿਕਾਸ, ਸੰਪਰਕ, ਊਰਜਾ, ਪਣ-ਬਿਜਲੀ ਸਹਿਯੋਗ, ਲੋਕਾਂ ਦੇ ਆਦਾਨ-ਪ੍ਰਦਾਨ ਅਤੇ ਵਿਕਾਸ ਸਹਿਯੋਗ ਸ਼ਾਮਲ ਹਨ। ਉਨ੍ਹਾਂ ਨੇ ਖਾਸ ਅਤੇ ਵਿਲੱਖਣ ਭਾਰਤ-ਭੂਟਾਨ ਦੋਸਤੀ ਨੂੰ ਹੋਰ ਮਜ਼ਬੂਤ ਕਰਨ ਲਈ ਆਪਣੀ ਵਚਨਬੱਧਤਾ ਦੀ ਪੁਸ਼ਟੀ ਕੀਤੀ।

ਭੂਟਾਨ ਦੇ ਪ੍ਰਧਾਨ ਮੰਤਰੀ ਨੇ ਭੂਟਾਨ ਦੀਆਂ ਵਿਕਾਸ ਤਰਜੀਹਾਂ ਵਿੱਚ ਭਾਰਤ ਦੀ ਭੂਮਿਕਾ ਦੀ ਇੱਕ ਭਰੋਸੇਮੰਦ, ਵਿਸ਼ਵਾਸਯੋਗ ਅਤੇ ਮੁੱਲਵਾਨ ਭਾਈਵਾਲ ਵਜੋਂ ਡੂੰਘੀ ਪ੍ਰਸ਼ੰਸਾ ਕੀਤੀ।

ਭੂਟਾਨ ਦੇ ਮਹਾਰਾਜੇ ਦੀ ਤਰਫੋਂ, ਪ੍ਰਧਾਨ ਮੰਤਰੀ ਸ਼ੇਰਿੰਗ ਤੋਬਗੇ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਅਗਲੇ ਹਫ਼ਤੇ ਭੂਟਾਨ ਦਾ ਦੌਰਾ ਕਰਨ ਦਾ ਸੱਦਾ ਦਿੱਤਾ। ਪ੍ਰਧਾਨ ਮੰਤਰੀ ਨੇ ਸੱਦਾ ਸਵੀਕਾਰ ਕਰ ਲਿਆ।

**ਨਵੀਂ ਦਿੱਲੀ**

**ਮਾਰਚ 15, 2024**